

## ਲੋਕ ਸੰਪਰਕ ਵਿਭਾਗ

ਲੋਕ ਸੰਪਰਕ ਵਿਭਾਗ ਦਾ ਦਫ਼ਤਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਹੁਸ਼ਿਆਰਪੁਰ ਵਿੱਚ ਸਥਿਤ ਹੈ। ਇਸ ਵਿਭਾਗ ਦਾ ਜ਼ਿਲ੍ਹੇ ਦਾ ਮੁੱਖੀ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਹੈ।ਇਸ ਦਫ਼ਤਰ ਦਾ ਟੈਲੀਫੋਨ ਨੰ. 220354 ਹੈ।ਇਸ ਤੋਂ ਇਲਾਵਾ ਇਸ ਦਫ਼ਤਰ ਦਾ ਦਸੂਹਾ ਵਿਖੇ ਵੀ ਸਬ-ਸੈਂਟਰ ਹੈ।

ਇਹ ਵਿਭਾਗ ਸਰਕਾਰ ਅਤੇ ਲੋਕਾਂ ਵਿਚਕਾਰ ਕੜੀ ਦਾ ਕੰਮ ਕਰਦਾ ਹੈ। ਸਰਕਾਰ ਵਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੇ ਕੰਮਾਂ ਬਾਰੇ ਇਲੈਕਟਰੌਨਿਕ ਮੀਡੀਆ, ਪ੍ਰਿੰਟ ਮੀਡੀਆ ਅਤੇ ਮੁੱਖ ਦਫ਼ਤਰ ਤੋਂ ਪ੍ਰਾਪਤ ਹੋਏ ਪੋਸਟਰਾਂ, ਪੈਂਫਲਿਟਾਂ, ਕਿਤਾਬਚਿਆਂ ਤੇ ਫੋਲਡਰਾਂ ਆਦਿ ਰਾਹੀਂ ਲੋਕਾਂ ਨੂੰ ਜਾਣੂ ਕਰਵਾਇਆ ਜਾਂਦਾ ਹੈ ਅਤੇ ਲੋਕਾਂ ਦਾ ਪ੍ਰਤੀਕਰਮ ਸਰਕਾਰ ਤੱਕ ਪਹੁੰਚਾਇਆ ਜਾਂਦਾ ਹੈ।

ਡਿਪਟੀ ਕਮਿਸ਼ਨਰ/ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਕੀਤੇ ਗਏ ਮਨਾਹੀ ਦੇ ਹੁਕਮਾਂ ਦੀ ਲੋਕਾਂ ਨੂੰ ਅਖ਼ਬਾਰਾਂ, ਟੀ.ਵੀ., ਰੇਡੀਓ ਤੇ ਪਬਲੀਸਿਟੀ ਵੈਨ ਦੁਆਰਾ ਜਾਣਕਾਰੀ ਦਿੱਤੀ ਜਾਂਦੀ ਹੈ।

ਜ਼ਿਲ੍ਹੇ ਵਿੱਚ ਸਰਕਾਰੀ ਦੌਰੇ ਤੇ ਆਏ ਮੰਤਰੀਆਂ ਤੇ ਉੱਚ ਅਧਿਕਾਰੀਆਂ ਵੱਲੋਂ ਕੀਤੀਆਂ ਗਈਆਂ ਮੀਟਿੰਗਾਂ ਤੇ ਸਮਾਰੋਹਾਂ ਦੇ ਪ੍ਰੈਸ ਨੋਟ ਵੀ ਇਸ ਵਿਭਾਗ ਵਲੋਂ ਜਾਰੀ ਕੀਤੇ ਜਾਂਦੇ ਹਨ।

ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਹੁਸ਼ਿਆਰਪੁਰ ਦੇ ਦਫ਼ਤਰ ਅਤੇ ਸਬ-ਸੈਂਟਰ ਦਸੂਹਾ ਵਿੱਚ ਇੱਕ-ਇੱਕ ਸੂਚਨਾ ਕੇਂਦਰ ਹੈ, ਜਿੱਥੇ ਲੋਕਾਂ ਦੇ ਪੜ੍ਹਨ ਲਈ ਅੰਗਰੇਜ਼ੀ, ਪੰਜਾਬੀ ਤੇ ਹਿੰਦੀ ਦੀਆਂ ਅਖ਼ਬਾਰਾਂ ਰੱਖੀਆਂ ਜਾਂਦੀਆਂ ਹਨ।

ਵਿਭਾਗ ਵੱਲੋਂ ਪੱਤਰਕਾਰਾਂ ਨਾਲ ਵਿਸ਼ੇਸ਼ ਤੌਰ ਤੇ ਤਾਲਮੇਲ ਰੱਖਿਆ ਜਾਂਦਾ ਹੈ।